ਆਸਾ ਮਹਲਾ ੫ ॥ ਗੁਰ ਪੂਰੇ ਰਾਖਿਆ ਦੇ ਹਾਥ ॥ ਪ੍ਰਗਟੁ ਭਇਆ ਜਨ ਕਾ ਪਰਤਾਪੁ ॥ ੧॥ ਗੁਰੁ ਗੁਰੁ ਜਪੀ ਗੁਰੂ ਗੁਰੁ ਧਿਆਈ ॥ ਜੀਅ ਕੀ ਅਰਦਾਸਿ ਗੁਰੂ ਪਹਿ ਪਾਈ ॥ ਰਹਾਉ ॥ ਸਰਨਿ ਪਰੇ ਸਾਚੇ ਗੁਰਦੇਵ ॥ ਪੂਰਨ ਹੋਈ ਸੇਵਕ ਸੇਵ ॥੨॥ ਜੀਉ ਪਿੰਡੁ ਜੋਬਨੁ ਰਾਖੈ ਪ੍ਰਾਨ ॥ ਕਹੁ ਨਾਨਕ ਗੁਰ ਕਉ ਕੁਰਬਾਨ ॥੩॥੮॥੧੦੨॥ {ਪੰਨਾ 396}

ਪਦਅਰਥ:- ਪੂਰਾ—ਸਭ ਗੁਣਾਂ ਨਾਲ ਭਰਪੂਰ। ਦੇ—ਦੇ ਕੇ। ਜਨ—ਸੇਵਕ।1।

ਜਪੀ—ਜਪੀਂ, ਮੈਂ ਜਪਦਾ ਹਾਂ। ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ। ਜੀਅ ਕੀ—ਜਿੰਦ ਦੀ। ਪਹਿ—ਪਾਸ, ਪਾਸੋਂ। ਪਾਈ—ਪਾਈਂ, ਮੈਂ ਪ੍ਰਾਪਤ ਕਰਦਾ ਹਾਂ। ਰਹਾਉ।

ਸਾਚੇ ਗੁਰਦੇਵ ਸਰਨ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਰੂਪ ਸਤਿਗੁਰੂ ਦੀ ਸਰਨ। ਪੂਰਨ—ਸਫਲ।2।

ਜੀਉ—ਜਿੰਦੁ। ਪਿੰਡੁ—ਸਰੀਰ। ਨਾਨਕ— ਹੇ ਨਾਨਕ! ਕਉ—ਨੂੰ।3।

ਅਰਥ:- (ਹੇ ਭਾਈ!) ਮੈਂ ਸਦਾ ਗੁਰੂ ਨੂੰ ਹੀ ਯਾਦ ਕਰਦਾ ਹਾਂ; ਸਦਾ ਗੁਰੂ ਦਾ ਹੀ ਧਿਆਨ ਧਰਦਾ ਹਾਂ। ਗੁਰੂ ਪਾਸੋਂ ਹੀ ਮੈਂ ਆਪਣੇ ਮਨ ਦੀ ਮੰਗੀ ਹੋਈ ਲੋੜ ਹਾਸਲ ਕਰਦਾ ਹਾਂ। ਰਹਾਉ।

(ਹੇ ਭਾਈ!) ਜਿਸ ਸੇਵਕ ਨੂੰ ਪੂਰਾ ਗੁਰੂ ਆਪਣਾ ਹੱਥ ਦੇ ਕੇ (ਵਿਕਾਰ ਆਦਿਕ ਤੋਂ ਬਚਾ ਕੇ) ਰੱਖਦਾ ਹੈ ਉਸ ਦੀ ਸੋਭਾ-ਵਡਿਆਈ (ਸਾਰੇ ਜਗਤ ਵਿਚ) ਉੱਘੜ ਪੈਂਦੀ ਹੈ।1।

(ਹੇ ਭਾਈ!) ਜੇਹੜੇ ਸੇਵਕ ਸਦਾ-ਥਿਰ ਪ੍ਰਭੂ ਦੇ ਰੂਪ ਸਤਿਗੁਰੂ ਦਾ ਆਸਰਾ ਲੈਂਦੇ ਹਨ ਉਹਨਾਂ ਦੀ ਸੇਵਾ (ਦੀ ਘਾਲ) ਸਿਰੇ ਚੜ੍ਹ ਜਾਂਦੀ ਹੈ।2।

ਹੇ ਨਾਨਕ! ਆਖ—(ਹੇ ਭਾਈ!) ਆਪਣਾ ਆਪ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ (ਗੁਰੂ ਸਰਨ ਪਏ ਸੇਵਕ ਦੀ) ਜਿੰਦ ਨੂੰ, ਸਰੀਰ ਨੂੰ, ਜੋਬਨ ਨੂੰ ਪ੍ਰਾਣਾਂ ਨੂੰ (ਵਿਕਾਰ ਆਦਿਕ ਤੋਂ) ਬਚਾ ਕੇ ਰੱਖਦਾ ਹੈ।3।8। 102।